# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :02-05-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਸਰਕਾਰ ਨੇ ਕਿਹਾ -ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਦਰਮਿਆਨ, ਘਰੇਲੂ LPG ਸਿਲੰਡਰਾਂ ਦੀ 100 ਫੀਸਦੀ ਸਪਲਾਈ ਯਕੀਨੀ ਬਣਾਈ ਜਾ ਰਹੀ ਏ।

- ਪੰਜਾਬ ਪੁਲਿਸ ਨੇ ਰਾਜ ਸਭਾ ਮੈਂਬਰ ਸੰਦੀਪ ਪਾਠਕ ਖਿਲਾਫ ਗੈਰ-ਜ਼ਮਾਨਤੀ ਧਾਰਾਵਾਂ ਤਹਿਤ FIR ਦਰਜ ਕੀਤੀ- BJP ਨੇ ਇਸਨੂੰ ਬਦਲਾਖੋਰੀ ਵਾਲੀ ਸਿਆਸਤ ਕਰਾਰ ਦਿੱਤਾ।

- ਕੈਬਿਨੇਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ -ਪੰਜਾਬ ਜੇਲ੍ਹਾਂ ਅਤੇ ਸੁਧਾਰ ਸੇਵਾਵਾਂ ਬਿੱਲ, 2026 ਆਧੁਨਿਕ, ਮਨੁੱਖੀ ਅਤੇ ਸੁਰੱਖਿਅਤ ਜੇਲ੍ਹ ਪ੍ਰਣਾਲੀ ਵੱਲ ਮਹੱਤਵਪੂਰਨ ਕਦਮ ਏ ।

- ਬੀਤੇ ਦਿਨੀ ਪਟਿਆਲਾ ਨੇੜੇ ਰਾਜਪੁਰਾ-ਸ਼ੰਭੂ ਰੇਲਵੇ ਪਟੜੀ ਨੂੰ ਬੰਬ ਨਾਲ ਉਡਾਉਣ ਦੇ ਮਾਮਲੇ ਵਿੱਚ, 5ਵਾਂ ਮੁਲਜ਼ਮ ਗ੍ਰਿਫਤਾਰ।

- ਮੌਸਮ ਵਿਭਾਗ ਵੱਲੋਂ ਪੰਜਾਬ ਵਿੱਚ ਅੱਜ ਤੋਂ 5 ਮਈ ਤੱਕ ਗਰਜ - ਚਮਕ ਨਾਲ ਦਰਮਿਆਨੀ ਬਾਰਿਸ਼ ਤੇ ਗੜੇਮਾਰੀ ਬਾਰੇ ਯੈਲੋ ਅਤੇ ਔਰੰਜ ਅਲਰਟ ਜਾਰੀ।

- IPL ਕ੍ਰਿਕਟ ਵਿੱਚ, ਚੇਨਈ ਸੁਪਰ ਕਿੰਗਜ਼ ਦਾ ਮੁਕਾਬਲਾ ਚੇਨਈ ਵਿੱਚ, ਅੱਜ ਸ਼ਾਮੀ ਸਾਢੇ 7 ਵਜੇ, ਮੁੰਬਈ ਇੰਡੀਅਨਜ਼ ਨਾਲ ਹੋਵੇਗਾ।

-----------------------------------------------------

**ਹੁਣ ਖ਼ਬਰਾਂ ਵਿਸਥਾਰ ਨਾਲ।**

ਸਰਕਾਰ ਨੇ ਕਿਹਾ ਏ ਕਿ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਦੇ ਵਿਚਕਾਰ ਘਰੇਲੂ LPG ਸਿਲੰਡਰਾਂ ਦੀ 100 ਫੀਸਦੀ ਸਪਲਾਈ ਯਕੀਨੀ ਬਣਾਈ ਜਾ ਰਹੀ ਏ। ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਰਿਪੋਰਟ ਦਿੱਤੀ ਕਿ ਕੱਲ੍ਹ ਔਨਲਾਈਨ ਐਲਪੀਜੀ ਸਿਲੰਡਰ ਬੁਕਿੰਗ ਵਿੱਚ 99 ਫੀਸਦੀ ਦਾ ਵਾਧਾ ਹੋਇਆ ਏ , ਜਦੋਂ ਕਿ ਓਟੀਪੀ-ਅਧਾਰਤ ਡਿਲੀਵਰੀ ਦਰਾਂ 94 ਫੀਸਦੀ ਤੋਂ ਵੱਧ ਗਈਆਂ ਹਨ। ਐਲਪੀਜੀ

ਜਮ੍ਹਾਂਖੋਰੀ ਅਤੇ ਕਾਲਾਬਾਜ਼ਾਰੀ ਨੂੰ ਰੋਕਣ ਲਈ ਕੱਲ੍ਹ ਦੇਸ਼ ਭਰ ਵਿੱਚ 1,700 ਤੋਂ ਵੱਧ ਛਾਪੇ ਮਾਰੇ ਗਏ। ਬੰਦਰਗਾਹਾਂ, ਜਹਾਜ਼ਰਾਨੀ ਅਤੇ ਜਲ ਮਾਰਗ ਮੰਤਰਾਲੇ ਨੇ ਕਿਹਾ ਕਿ ਪੱਛਮੀ ਏਸ਼ੀਆ ਵਿੱਚ ਸਾਰੇ ਭਾਰਤੀ ਸਮੁੰਦਰੀ ਯਾਤਰੀ ਸੁਰੱਖਿਅਤ ਹਨ ਅਤੇ ਪਿਛਲੇ 24 ਘੰਟਿਆਂ ਵਿੱਚ ਭਾਰਤੀ ਝੰਡੇ ਵਾਲੇ ਜਹਾਜ਼ਾਂ ਨਾਲ ਸਬੰਧਤ ਕਿਸੇ  ਵੀ ਘਟਨਾ ਦੀ ਖਬਰ ਨਹੀਂ ਏ । ਮੰਤਰਾਲੇ ਨੇ ਪਿਛਲੇ 24 ਘੰਟਿਆਂ ਵਿੱਚ ਖਾੜੀ ਖੇਤਰ ਦੇ ਵੱਖ-ਵੱਖ ਸਥਾਨਾਂ ਤੋਂ 30 ਸਮੁੰਦਰੀ ਯਾਤਰੀਆਂ ਦੀ ਸੁਰੱਖਿਅਤ ਵਾਪਸੀ ਨੂੰ ਵੀ ਯਕੀਨੀ ਬਣਾਇਆ।

-----------------------------------------------------

ਪੰਜਾਬ ਪੁਲਿਸ ਨੇ ਰਾਜ ਸਭਾ ਮੈਂਬਰ ਸੰਦੀਪ ਪਾਠਕ ਖਿਲਾਫ ਗੈਰ-ਜ਼ਮਾਨਤੀ ਧਾਰਾਵਾਂ ਤਹਿਤ FIR ਦਰਜ ਕੀਤੀ ਏ। ਸੰਦੀਪ ਪਾਠਕ ਹਾਲ ਹੀ ਵਿੱਚ ਆਮ ਆਦਮੀ ਪਾਰਟੀ ਦੇ 6 ਹੋਰ ਰਾਜ ਸਭਾ ਸੰਸਦ ਮੈਂਬਰਾਂ ਸਮੇਤ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ ਸਨ। ਇਸ ਕਾਰਵਾਈ ਨਾਲ ਪੰਜਾਬ ਵਿੱਚ ਇੱਕ ਨਵਾਂ ਸਿਆਸੀ ਵਿਵਾਦ ਪੈਦਾ ਹੋ ਗਿਆ ਏ। ਸੂਤਰਾਂ ਮੁਤਾਬਿਕ, ਪੰਜਾਬ ਦੇ ਦੋ ਜ਼ਿਲ੍ਹਿਆਂ ਵਿੱਚ ਦੋ ਵੱਖ-ਵੱਖ FIR ਦਰਜ ਕੀਤੀਆਂ ਗਈਆਂ ਨੇ, ਹਾਲਾਂਕਿ, ਦੋਵਾਂ ਜ਼ਿਲ੍ਹਿਆਂ ਦੇ ਨਾਵਾਂ ਦਾ ਹਾਲੇ ਤੱਕ ਅਧਿਕਾਰਤ ਤੌਰ 'ਤੇ ਖੁਲਾਸਾ ਨਹੀਂ ਕੀਤਾ ਗਿਆ। BJP ਵਿੱਚ ਸ਼ਾਮਲ ਹੋਣ ਵਾਲੇ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰਾਂ ਵਿੱਚੋਂ

ਦੇ ਖਿਲਾਫ ਇਹ ਦੂਜੀ ਅਜਿਹੀ ਕਾਰਵਾਈ ਏ। ਵੀਰਵਾਰ ਨੂੰ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਨੇ ਰਾਜ ਸਭਾ ਮੈਂਬਰ, ਰਜਿੰਦਰ ਗੁਪਤਾ ਦੀ ਮਾਲਕੀ ਵਾਲੇ ਟ੍ਰਾਈਡੈਂਟ ਗਰੁੱਪ ਦੇ ਇੱਕ ਟੈਕਸਟਾਈਲ ਯੂਨਿਟ 'ਤੇ ਛਾਪਾ ਮਾਰਿਆ ਸੀ। ਇਸ ਦੌਰਾਨ, ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਵਿੱਚ ਕਿਹਾ ਕਿ ਆਮ ਆਦਮੀ ਪਾਰਟੀ  ਸਰਕਾਰ ਵੱਲੋਂ ਦਰਜ ਕੀਤੀਆਂ ਗਈਆਂ FIRs ਤੋਂ ਡਰਦੀ ਨਹੀਂ  , ਉਨ੍ਹਾਂ ਇਲਜ਼ਾਮ ਲਗਾਇਆ ਕਿ ਇਹ ਕਾਰਵਾਈਆਂ, ਮੁੱਖ ਮੰਤਰੀ ਭਗਵੰਤ ਮਾਨ ਦੇ ਕੱਲ੍ਹ ਵਿਧਾਨ ਸਭਾ ਵਿੱਚ ਨਸ਼ੇ ਦੀ ਹਾਲਤ ਵਿੱਚ ਪਹੁੰਚਣ ਦੇ ਕਥਿਤ ਵਿਵਹਾਰ ਤੋਂ ਧਿਆਨ ਹਟਾਉਣ ਲਈ ਕੀਤੀਆਂ ਜਾ ਰਹੀਆਂ ਨੇ ।

BYTE

ਸ੍ਰੀ ਪਾਠਕ ਖਿਲ਼ਾਫ  ਮਾਮਲਾ ਦਰਜ ਕਰਨ ਨੂੰ ਆਮ ਆਦਮੀ ਪਾਰਟੀ ਦੇ ਦੋਹਰੇ ਮਾਪਦੰਡਾਂ ਦਾ ਸਬੂਤ ਕਰਾਰ ਦਿੰਦੇ ਹੋਏ, ਸ੍ਰੀ ਜਾਖੜ ਨੇ ਦੁਹਰਾਇਆ ਕਿ BJP ਆਪਣੇ ਆਗੂਆਂ ਨਾਲ ਮਜ਼ਬੂਤੀ ਨਾਲ ਖੜ੍ਹੀ ਏ ਅਤੇ ਕਿਸੇ ਵੀ ਤਰ੍ਹਾਂ ਦੀ ਰਾਜਨੀਤਿਕ ਬਦਲੇ ਦਾ ਵਿਰੋਧ ਕਰੇਗੀ।

---------------------------------------------------------

ਪੰਜਾਬ ਸਰਕਾਰ ਵੱਲੋਂ ਪੰਜਾਬ ਜੇਲ੍ਹਾਂ ਅਤੇ ਸੁਧਾਰ ਸੇਵਾਵਾਂ ਬਿੱਲ, 2026 ਤਿਆਰ ਕੀਤਾ ਗਿਆ ਏ , ਜੋ ਸੂਬੇ ਦੀ ਮੌਜੂਦਾ ਜੇਲ੍ਹ ਪ੍ਰਸ਼ਾਸਨ

ਪ੍ਰਣਾਲੀ ਨੂੰ ਆਧੁਨਿਕ, ਤਕਨੀਕੀ ਅਤੇ ਮਨੁੱਖੀ ਦਿਸ਼ਾ ਦੇਵੇਗਾ। ਇਹ ਬਿੱਲ ਪੁਰਾਣੇ ਪ੍ਰਿਜ਼ਨ ਐਕਟ, 1894 ਦੀ ਥਾਂ ਲਵੇਗਾ, ਜੋ ਮੁੱਖ ਤੌਰ 'ਤੇ ਹਿਰਾਸਤ ਅਤੇ ਅਨੁਸ਼ਾਸਨ ਤੱਕ ਸੀਮਿਤ ਸੀ । ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਦੇ ਜੇਲ੍ਹਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਨਵਾਂ ਬਿੱਲ ਜੇਲ੍ਹਾਂ ਨੂੰ ਸਿਰਫ ਕੈਦਖਾਨਿਆਂ ਤੋਂ ਬਦਲ ਕੇ ਸੁਧਾਰ, ਮੁੜ ਵਸੇਬੇ ਅਤੇ ਸਮਾਜਿਕ ਪੁਨਰ-ਇਕਤੀਕਰਨ ਦੇ ਕੇਂਦਰਾਂ ਵਿੱਚ ਤਬਦੀਲ ਕਰਨ 'ਤੇ ਕੇਂਦਰਿਤ ਏ । ਇਸ ਵਿੱਚ ਬੰਦੀਆਂ ਦੇ ਮਨੁੱਖੀ ਅਧਿਕਾਰਾਂ ਦੀ ਰੱਖਿਆ, ਪਾਰਦਰਸ਼ਤਾ ਅਤੇ ਜ਼ਿੰਮੇਵਾਰੀ ਨੂੰ ਵਧਾਉਣ ਅਤੇ ਸੁਰੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਕਈ ਪ੍ਰਬੰਧ ਕੀਤੇ ਗਏ ਨੇ ।

BYTE

ਉਨ੍ਹਾਂ ਕਿਹਾ, "ਹਰ ਜੇਲ੍ਹ ਵਿੱਚ ਮੈਡੀਕਲ ਸੁਵਿਧਾਵਾਂ, ਨਿਯਮਿਤ ਸਿਹਤ ਜਾਂਚ, ਟੀਬੀ, ਐਚਆਈਵੀ ਅਤੇ ਨਸ਼ੇ ਨਾਲ ਸੰਬੰਧਿਤ ਬਿਮਾਰੀਆਂ ਦੀ ਸਕ੍ਰੀਨਿੰਗ, ਡੀ-ਐਡਿਕਸ਼ਨ ਕੇਂਦਰ ਅਤੇ ਮਾਨਸਿਕ ਸਿਹਤ 'ਤੇ ਖਾਸ ਧਿਆਨ ਦਿੱਤਾ ਜਾਵੇਗਾ। ਸਿੱਖਿਆ ਅਤੇ ਹੁਨਰ ਵਿਕਾਸ ਨੂੰ ਵੀ ਤਰਜੀਹ ਦਿੱਤੀ ਗਈ ਹੈ, ਜਿਸ ਤਹਿਤ ਕੈਦੀਆਂ ਨੂੰ ਸਿੱਖਿਆ, ਲਾਇਬ੍ਰੇਰੀ ਅਤੇ ਵੋਕੇਸ਼ਨਲ ਟ੍ਰੇਨਿੰਗ ਦੀ ਸਹੂਲਤ ਮਿਲੇਗੀ ।

---

ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ ਉੱਘੇ ਗੀਤਕਾਰ, ਲੇਖਕ ਅਤੇ ਸੰਚਾਰ ਮਾਹਰ ਪ੍ਰਸੂਨ ਜੋਸ਼ੀ ਨੂੰ ਭਾਰਤ ਦੇ ਜਨਤਕ ਸੇਵਾ ਪ੍ਰਸਾਰਕ, ਪ੍ਰਸਾਰ ਭਾਰਤੀ ਦਾ ਚੇਅਰਮੈਨ ਨਿਯੁਕਤ ਕੀਤਾ ਏ। ਸ੍ਰੀ ਜੋਸ਼ੀ ਇੱਕ ਪ੍ਰਸਿੱਧ ਰਚਨਾਤਮਕ ਪੇਸ਼ੇਵਰ ਨੇ ਜਿਨ੍ਹਾਂ ਦਾ ਸਾਹਿਤ, ਇਸ਼ਤਿਹਾਰਬਾਜ਼ੀ, ਸਿਨੇਮਾ ਅਤੇ ਜਨਤਕ ਸੰਚਾਰ ਵਿੱਚ ਵਿਆਪਕ ਯੋਗਦਾਨ ਏ। ਆਪਣੀ ਪ੍ਰਭਾਵਸ਼ਾਲੀ ਲਿਖਤ ਅਤੇ ਡੂੰਘੀ ਸੱਭਿਆਚਾਰਕ ਸੰਵੇਦਨਸ਼ੀਲਤਾ ਲਈ ਜਾਣੇ ਜਾਂਦੇ, ਉਨ੍ਹਾਂ ਨੇ ਸਮਕਾਲੀ ਭਾਰਤੀ ਮੀਡੀਆ ਬਿਰਤਾਂਤਾਂ ਨੂੰ ਆਕਾਰ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਏ। ਉਨ੍ਹਾਂ ਦੀ ਨਿਯੁਕਤੀ 'ਤੇ, ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਏ। ਇਸ ਨਿਯੁਕਤੀ ਤੋਂ ਪਹਿਲਾਂ, ਸ੍ਰੀ ਜੋਸ਼ੀ ਅਗਸਤ 2017 ਤੋਂ ਮੁੰਬਈ ਦੇ ਕੇਂਦਰੀ ਫਿਲਮ ਸਰਟੀਫਿਕੇਸ਼ਨ ਬੋਰਡ ਦੇ ਚੇਅਰਪਰਸਨ ਵਜੋਂ ਸੇਵਾ ਨਿਭਾਅ ਰਹੇ ਨੇ।

---

ਬੀਤੀ 27 ਅਪ੍ਰੈਲ ਨੂੰ ਪਟਿਆਲਾ ਨੇੜੇ ਰਾਜਪੁਰਾ-ਸ਼ੰਭੂ ਰੇਲਵੇ ਲਾਈਨ ਨੂੰ ਬੰਬ ਨਾਲ ਉਡਾਉਣ ਦੇ ਮਾਮਲੇ ਵਿੱਚ ਪੰਜਾਬ ਪੁਲਿਸ ਨੇ ਇਸ ਦੇ ਸਾਜ਼ਿਸ਼ਕਰਤਾਵਾਂ ਦੇ 5ਵੇਂ ਸਾਥੀ ਨੂੰ ਵੀ ਗ੍ਰਿਫਤਾਰ ਕਰ ਲਿਆ। ਇਹ ਵਿਅਕਤੀ ਮੁੱਖ ਦੋਸ਼ੀ ਜਗਰੂਪ ਸਿੰਘ, ਜੋ ਬੰਬ ਫਿੱਟ ਕਰਦਾ ਮਾਰਿਆ

ਗਿਆ ਸੀ, ਦਾ ਨਜ਼ਦੀਕੀ ਸਾਥੀ ਏ । ਪੰਜਾਬ ਪੁਲਿਸ ਮੁਖੀ ਗਰਵ ਯਾਦਵ ਨੇ ਕਿਹਾ ਕਿ ਇਸ ਦੀ ਗ੍ਰਿਫਤਾਰੀ ਨਾਲ ਸ਼ੰਭੂ ਰੇਲ ਲਾਈਨ, ਸਰਹੰਦ ਰੇਲ ਲਾਈਨ ਅਤੇ ਮੋਗਾ ਦੇ CIA ਥਾਣੇ ਤੇ ਗਰਨੇਡ ਹਮਲੇ ਇਹ ਤਿੰਨੇ ਮਾਮਲੇ ਸੁਲਝਾ ਲਏ ਗਏ ਨੇ । ਇਸ ਬਾਰੇ ਡੀਜੀਪੀ ਨੇ ਦਸਿਆ।

BYTE

---------------------------------------------------

ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਅਤੇ ਫਸਲੀ ਵਿਭਿੰਨਤਾ ਸਬੰਧੀ ਤਕਨੀਕੀ ਜਾਣਕਾਰੀ ਦੇਣ ਲਈ ਅੱਜ ਸ੍ਰੀ ਮੁਕਤਸਰ ਸਾਹਿਬ ਵਿਖੇ ਜ਼ਿਲ੍ਹਾ ਪੱਧਰ ਦਾ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਦੀ ਪ੍ਰਧਾਨਗੀ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕੀਤੀ। ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਖੇਤੀਬਾੜੀ ਵਿੱਚ ਵਿਭਿੰਨਤਾ ਲਿਆਉਣ ਲਈ ਰਿਵਾਇਤੀ ਫਸਲਾਂ ਨੂੰ ਛੱਡ ਕੇ ਖੇਤੀਬਾੜੀ ਧੰਦੇ ਨਾਲ ਜੁੜੇ ਸਹਾਇਕ ਧੰਦਿਆਂ ਨੂੰ ਅਪਨਾਉਣਾ ਚਾਹੀਦਾ ਏ । ਉਹਨਾਂ ਕਿਹਾ ਕਿ ਕਿਸਾਨ ਦਾਲਾਂ, ਸਬਜ਼ੀਆਂ, ਫ਼ਲਾਂ, ਬਾਗਬਾਨੀ, ਅਤੇ ਚੰਗੀਆਂ ਨਸਲਾਂ ਦੇ ਪਸ਼ੂ ਪਾਲਣ ਵਰਗੇ ਸਹਾਇਕ ਧੰਦੇ ਅਪਣਾ ਕੇ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ।

---------------------------------------------------------

ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਅਗਲੇ ਹਫਤੇ ਤੋਂ ਮੌਸਮ ਵਿੱਚ ਹੋਣ ਵਾਲੀ ਤਬਦੀਲੀ ਨਾਲ ਗਰਮੀ ਤੋਂ ਹੋਰ ਰਾਹਤ ਮਿਲਣ ਦੀ ਉਮੀਦ ਏ । ਚੰਡੀਗੜ੍ਹ ਸਥਿਤ  ਮੌਸਮ ਵਿਭਾਗ ਮੁਤਾਬਕ ਪੱਛਮੀ ਗੜਬੜੀ ਕਾਰਨ ਅੱਜ ਤੋਂ ਆਉਂਦੀ 8 ਮਈ ਤੱਕ ਇਹਨਾਂ ਦੋਵਾਂ ਸੂਬਿਆਂ ਵਿੱਚ ਤੇਜ਼ ਹਵਾਵਾਂ, ਗਰਜ-ਚਮਕ ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਅਤੇ ਕੁਝ ਥਾਵਾਂ ਤੇ ਗੜੇਮਾਰੀ ਦੀ ਪਿਸ਼ੀਨਗੋਈ ਵੀ ਕੀਤੀ ਗਈ ਏ । ਚੰਡੀਗੜ੍ਹ ਵਿੱਚ 4 ਤੇ 5 ਮਈ ਨੂੰ ਤੇਜ਼ ਹਵਾਵਾਂ ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਗਈ ਏ । ਮੌਸਮ ਵਿਭਾਗ ਵੱਲੋਂ ਪੰਜਾਬ ਵਿੱਚ ਅੱਜ ਤੇ ਕੱਲ 3 ਮਈ ਨੂੰ ਪਠਾਨਕੋਟ, ਹੁਸ਼ਿਆਰਪੁਰ, ਰੂਪਨਗਰ ਜਲੰਧਰ, ਕਪੂਰਥਲਾ, ਮੁਕਤਸਰ, ਬਠਿੰਡਾ, ਅੰਮ੍ਰਿਤਸਰ ਤੇ ਫਾਜ਼ਿਲਕਾ ਵਿੱਚ ਹਲਕੀ ਬਾਰਿਸ਼ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਜਦਕਿ ਚਾਰ ਤੇ ਪੰਜ ਮਈ ਨੂੰ ਪੂਰੇ ਪੰਜਾਬ 'ਚ ਗਰਜ -ਚਮਕ ਨਾਲ ਦਰਮਿਆਨੀ ਬਾਰਿਸ਼  ਤੇ ਗੜੇਮਾਰੀ ਦਾ ਯੈਲੋ ਅਤੇ ਔਰੰਜ ਅਲਰਟ ਜਾਰੀ ਕੀਤਾ ਗਿਆ ਏ । ਇਸੇ ਦੌਰਾਨ ਹਰਿਆਣਾ 'ਚ 41.1 ਡਿਗਰੀ ਸੈਲਸੀਅਸ ਤਾਪਮਾਨ ਨਾਲ ਹਿਸਾਰ ਅਤੇ ਪੰਜਾਬ 'ਚ 40.2 ਡਿਗਰੀ ਸੈਲਸੀਅਸ ਤਾਪਮਾਨ ਨਾਲ ਬਠਿੰਡਾ ਸਬ ਤੋਂ ਵੱਧ ਤਾਪਮਾਨ ਵਾਲੇ ਸ਼ਹਿਰ ਰਹੇ ।

-----------------------------------------------------

IPL ਕ੍ਰਿਕਟ ਵਿੱਚ, ਚੇਨਈ ਸੁਪਰ ਕਿੰਗਜ਼ ਦਾ ਮੁਕਾਬਲਾ ਚੇਨਈ ਵਿੱਚ ਅੱਜ ਸ਼ਾਮੀ ਸਾਢੇ 7 ਵਜੇ ਮੁੰਬਈ ਇੰਡੀਅਨਜ਼ ਨਾਲ ਹੋਵੇਗਾ।

-----------------------------------------------------

- ਸਰਕਾਰ ਨੇ ਕਿਹਾ -ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਦਰਮਿਆਨ, ਘਰੇਲੂ LPG ਸਿਲੰਡਰਾਂ ਦੀ 100 ਫੀਸਦੀ ਸਪਲਾਈ ਯਕੀਨੀ ਬਣਾਈ ਜਾ ਰਹੀ ਏ।

- ਪੰਜਾਬ ਪੁਲਿਸ ਨੇ ਰਾਜ ਸਭਾ ਮੈਂਬਰ ਸੰਦੀਪ ਪਾਠਕ ਖਿਲਾਫ ਗੈਰ-ਜ਼ਮਾਨਤੀ ਧਾਰਾਵਾਂ ਤਹਿਤ FIR ਦਰਜ ਕੀਤੀ- BJP ਨੇ ਇਸਨੂੰ ਬਦਲਾਖੋਰੀ ਵਾਲੀ ਸਿਆਸਤ ਕਰਾਰ ਦਿੱਤਾ।

- ਕੈਬਿਨੇਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ -ਪੰਜਾਬ ਜੇਲ੍ਹਾਂ ਅਤੇ ਸੁਧਾਰ ਸੇਵਾਵਾਂ ਬਿੱਲ, 2026 ਆਧੁਨਿਕ, ਮਨੁੱਖੀ ਅਤੇ ਸੁਰੱਖਿਅਤ ਜੇਲ੍ਹ ਪ੍ਰਣਾਲੀ ਵੱਲ ਮਹੱਤਵਪੂਰਨ ਕਦਮ ਏ ।

- ਬੀਤੇ ਦਿਨੀ ਪਟਿਆਲਾ ਨੇੜੇ ਰਾਜਪੁਰਾ-ਸ਼ੰਭੂ ਰੇਲਵੇ ਪਟੜੀ ਨੂੰ ਬੰਬ ਨਾਲ ਉਡਾਉਣ ਦੇ ਮਾਮਲੇ ਵਿੱਚ, 5ਵਾਂ ਮੁਲਜ਼ਮ ਗ੍ਰਿਫਤਾਰ।

- ਮੌਸਮ ਵਿਭਾਗ ਵੱਲੋਂ ਪੰਜਾਬ ਵਿੱਚ ਅੱਜ ਤੋਂ 5 ਮਈ ਤੱਕ ਗਰਜ - ਚਮਕ ਨਾਲ ਦਰਮਿਆਨੀ ਬਾਰਿਸ਼ ਤੇ ਗੜੇਮਾਰੀ ਬਾਰੇ ਯੈਲੋ ਅਤੇ ਔਰੰਜ ਅਲਰਟ ਜਾਰੀ।

- IPL ਕ੍ਰਿਕਟ ਵਿੱਚ, ਚੇਨਈ ਸੁਪਰ ਕਿੰਗਜ਼ ਦਾ ਮੁਕਾਬਲਾ ਚੇਨਈ ਵਿੱਚ, ਅੱਜ ਸ਼ਾਮੀ ਸਾਢੇ 7 ਵਜੇ, ਮੁੰਬਈ ਇੰਡੀਅਨਜ਼ ਨਾਲ ਹੋਵੇਗਾ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ** !